ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

**ਸਮਾਜ ਸੇਵੀ ਸੰਸਥਾਵਾਂ ਅਤੇ ਦਾਨੀ ਸੱਜਣ ਰੈੱਡ ਕਰਾਸ ਜਾਂ ਸਬੰਧਿਤ ਰਸੋਈਆਂ ਵਿਚ ਹੀ ਦੇਣ ਰਾਸ਼ਨ: ਡਿਪਟੀ ਕਮਿਸ਼ਨਰ**

**ਲੋੜਵੰਦਾਂ ਨੂੰ ਭੋਜਨ ਦੇਣ ਲਈ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਚਲਾਈਆਂ ਜਾ ਰਹੀਆਂ ਹਨ ਕਮਿਊਨਿਟੀ ਰਸੋਈਆਂ**

ਫਿਰੋਜ਼ਪੁਰ, 1 ਅਪ੍ਰੈਲ 2020.

ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਨੇ ਦੱਸਿਆ ਕਿ ਕਰੋਨਾ ਵਾਇਰਸ ਦੇ ਪ੍ਰਭਾਵ ਨੂੰ ਰੋਕਣ ਲਈ ਜ਼ਿਲ੍ਹੇ ਵਿਚ ਕਰਫ਼ਿਊ ਲਗਾਇਆ ਗਿਆ ਹੈ। ਕਰਫ਼ਿਊ ਦੌਰਾਨ ਕਿਸੇ ਨੂੰ ਵੀ ਭੋਜਨ ਦੀ ਦਿੱਕਤ ਨਾ ਆਵੇ ਇਸ ਲਈ ਜ਼ਿਲ੍ਹੇ ਵਿਚ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੱਖ-ਵੱਖ ਕਮਿਊਨਿਟੀ ਰਸੋਈਆਂ ਖੋਲ੍ਹੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਸਮਾਜ ਸੇਵੀ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਲੋੜਵੰਦਾਂ ਨੂੰ ਲੰਗਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੰਗਰ ਤਿਆਰ ਕਰਨ ਲਈ ਜ਼ਿਲ੍ਹੇ ਵਿਚ ਵੱਖ-ਵੱਖ ਥਾਵਾਂ 'ਤੇ ਰਸੋਈਆਂ ਚਲਾਈਆਂ ਜਾ ਰਹੀਆਂ ਹਨ ਜਿਨ੍ਹਾਂ ਵਿਚ ਦਾਨੀ ਸੱਜਣ ਕੱਚਾ ਰਾਸ਼ਨ ਦੇਣ ਤਾਂ ਜੋ  ਲੋੜਵੰਦਾਂ ਨੂੰ  ਤਿਆਰ ਕੀਤਾ ਹੋਇਆ ਭੋਜਨ ਦਿੱਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਇਹ ਰਸੋਈਆ ਜੱਜਘਰ ਕੰਬੋਜ ਨਗਰ ਦੁਲਚੀਕੇ ਰੋਡ ਫਿਰੋਜ਼ਪੁਰ ਸ਼ਹਿਰ, ਸ੍ਰੀਰਾਮ ਸ਼ਰਨਮ ਆਸ਼ਰਮ, ਫਿਰੋਜ਼ਪੁਰ, ਸ੍ਰੀ ਗੁਰੂਤੇਗ ਬਹਾਦੁਰ ਗੁਰੂਦੁਆਰਾ ਗੁਰੂ ਰਾਮਦਾਸ ਨਗਰ ਫਿਰੋਜ਼ਪੁਰ ਸ਼ਹਿਰ, ਹਰੀਸ਼-3 ਨਜ਼ਦੀਕ ਰੇਲਵੇ ਪੁਲ, ਫਿਰੋਜ਼ਪੁਰ ਸ਼ਹਿਰ, ਪ੍ਰਾਚੀਨ ਸ੍ਰੀ ਸ਼ਿਵਾਲਾ ਮੰਦਰ ਫਿਰੋਜ਼ਪੁਰ ਸ਼ਹਿਰ, ਸ੍ਰੀ ਖ਼ਾਲਸਾ ਗੁਰਦੁਆਰਾ, ਫਿਰੋਜ਼ਪੁਰ ਛਾਉਣੀ, ਸ੍ਰੀ ਸੀਤਲਾ ਮਾਤਾ ਮੰਦਰ ਘੁਮਹਾਰ ਮੰਡੀ ਫਿਰੋਜ਼ਪੁਰ ਵਿਖੇ ਚੱਲ ਰਹੀਆਂ ਹਨ।

ਡਿਪਟੀ ਕਮਿਸ਼ਨਰ ਨੇ ਸਮੂਹ ਦਾਨੀ ਸੱਜਣਾਂ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਹੀ ਢੰਗ ਨਾਲ ਲੋੜਵੰਦਾਂ ਤੱਕ ਭੋਜਨ ਪਹੁੰਚਾਉਣ ਲਈ ਵੱਖ-ਵੱਖ ਥਾਵਾਂ 'ਤੇ ਰਾਸ਼ਨ ਦੇਣ ਦੀ ਬਜਾਏ ਉਕਤ ਥਾਵਾਂ ਜਾਂ ਰੈੱਡ ਕਰਾਸ ਵਿਚ ਹੀ ਰਾਸ਼ਨ ਦਿੱਤਾ ਜਾਵੇ ਤਾਂ ਜੋ ਸਥਾਪਿਤ ਕੀਤੀਆਂ ਗਈਆਂ ਰਸੋਈਆਂ ਵਿਖੇ ਭੋਜਨ ਤਿਆਰ ਕਰਕੇ ਲੋੜਵੰਦਾਂ ਤੱਕ ਪਹੁੰਚਾਇਆ ਜਾ ਸਕੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

**ਸੁੱਕੇ ਰਾਸ਼ਨ ਦੀਆਂ ਕਿੱਟਾਂ ਅਤੇ ਫੂਡ ਪੈਕਟ ਜ਼ਰੂਰਤਮੰਦ ਲੋਕਾਂ ਦੇ ਘਰਾਂ ਤੱਕ ਪਹੁੰਚਾਏ, ਗ੍ਰਾਮੀਣ (ਪੇਂਡੂ) ਇਲਾਕਿਆਂ ਤੱਕ ਪਹੁੰਚੀ ਮਦਦ**

**ਜ਼ਿਲ੍ਹਾ ਪ੍ਰਸ਼ਾਸਨ ਦੇ ਯਤਨਾਂ ਸਦਕਾ ਗਰੀਬ ਤੇ ਜ਼ਰੂਰਤਮੰਦ ਲੋਕਾਂ ਦੇ ਘਰਾਂ ਤੱਕ ਰਾਸ਼ਨ ਅਤੇ ਤਿਆਰ ਖਾਣੇ ਦੀਆਂ**

ਕਿੱਟਾਂ ਪਹੁੰਚ ਰਹੀਆਂ ਹਨ ਪਿੰਡ-ਪਿੰਡ

ਫਿਰੋਜ਼ਪੁਰ 1 ਅਪ੍ਰੈਲ 2020
ਕਰਫ਼ਿਊ ਦੇ ਦੌਰਾਨ ਜ਼ਿਲ੍ਹੇ ਦੇ ਗਰੀਬ ਤੇ ਜ਼ਰੂਰਤਮੰਦ ਲੋਕਾਂ ਖ਼ਾਸ ਕਰਕੇ ਗ੍ਰਾਮੀਣ (ਪੇਂਡੂ) ਇਲਾਕਿਆਂ ਵਿੱਚ ਰਹਿਣ ਵਾਲੇ ਲੋਕਾਂ ਤੱਕ ਰਾਸ਼ਨ ਅਤੇ ਤਿਆਰ ਖਾਣੇ ਦੀ ਮਦਦ ਪਹੁੰਚਾਉਣ ਦੀ ਮੁਹਿੰਮ ਨੂੰ ਤੇਜ਼ ਕਰ ਦਿੱਤਾ ਗਿਆ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਸਮਾਜ ਸੇਵੀ ਸੰਗਠਨਾਂ ਦੇ ਸਹਿਯੋਗ ਦੇ ਨਾਲ ਪਿੰਡ-ਪਿੰਡ ਜ਼ਰੂਰਤਮੰਦ ਤੇ ਗਰੀਬ ਲੋਕਾਂ ਤੱਕ ਰਾਸ਼ਨ ਦੀਆਂ ਕਿੱਟਾਂ ਅਤੇ ਤਿਆਰ ਖਾਣਾ ਪਹੁੰਚਾਇਆ ਜਾ ਰਿਹਾ ਹੈ। ਦਿਹਾੜੀ ਕਰਨ ਵਾਲਿਆਂ ਨੂੰ ਖਾਸ ਤੌਰ ਤੇ ਰਾਸ਼ਨ ਤੇ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ, ਜਿਨ੍ਹਾਂ ਨੂੰ ਕਰਫਿਊ ਕਾਰਨ ਆਪਣੀ ਆਜੀਵਕਾ ਕਮਾਉਣ ਵਿੱਚ ਪ੍ਰੇਸ਼ਾਨੀ ਹੋ ਰਹੀ ਹੈ। ਇਸ ਮੁਹਿੰਮ ਦੇ ਤਹਿਤ ਦਾਨਾ ਮੰਡੀ ਫਿਰੋਜ਼ਪੁਰ ਵਿੱਚ ਨਾਇਬ ਤਹਿਸੀਲਦਾਰ ਯਾਦਵਿੰਦਰ ਸਿੰਘ ਅਤੇ ਰੀਡਰ ਮਨੋਹਰ ਲਾਲ ਵੱਲੋਂ ਗਰੀਬ ਪਰਿਵਾਰਾਂ ਨੂੰ ਰਾਸ਼ਨ ਦੀਆਂ 150 ਕਿੱਟਾਂ ਵੰਡੀਆਂ ਗਈਆਂ ਹਨ। ਇਸੇ ਤਰ੍ਹਾਂ ਮੁੱਦਕੀ ਤੇ ਤਲਵੰਡੀ ਭਾਈ ਵਿੱਚ ਵੀ 400 ਗਰੀਬ ਲੋਕਾਂ ਨੂੰ ਖਾਣੇ ਦੇ ਤਿਆਰ ਪੈਕੇਟ ਮੁਹੱਈਆ ਕਰਵਾਏ ਗਏ ਹਨ। ਇਹ ਫੂਡ ਪੈਕੇਟ ਲੋਕਾਂ ਨੂੰ ਘਰ-ਘਰ ਜਾ ਕੇ ਵੰਡੇ ਗਏ। ਪ੍ਰਸ਼ਾਸਨ ਵੱਲੋਂ ਪ੍ਰਭਾਵਿਤ ਇਲਾਕਿਆਂ ਦੀ ਸੂਚੀ ਤਿਆਰ ਕੀਤੀ ਗਈ ਸੀ, ਜਿੱਥੇ ਅਧਿਕਾਰੀਆਂ ਨੇ ਖ਼ੁਦ ਜਾ ਕੇ ਲੋਕਾਂ ਦਾ ਦਰਵਾਜਾ ਖਟ-ਖਟਾਕੇ ਕੇ ਉਨ੍ਹਾਂ ਨੂੰ ਫੂਡ ਪੈਕੇਟ ਸੌਂਪੇ ਹਨ।
ਡਿਪਟੀ ਕਮਿਸ਼ਨਰ ਸ੍ਰੀ. ਕੁਲਵੰਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੰਕਟ ਦੀ ਇਸ ਸਥਿਤੀ ਵਿੱਚ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 8 ਹਜ਼ਾਰ ਰਾਸ਼ਨ ਦੀਆਂ ਕਿੱਟਾਂ ਵੰਡਣ ਦੇ ਲਈ ਭੇਜੀਆਂ ਗਈਆਂ ਹਨ। ਇਸ ਦੇ ਇਲਾਵਾ ਹੋਰ ਵੀ ਕਈ ਕਦਮ ਉਠਾਏ ਜਾ ਰਹੇ ਹਨ।  ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਵੀ ਲਿਆ ਜਾ ਰਿਹਾ ਹੈ ਤਾਂਕਿ ਇਸ ਕੰਮ ਨੂੰ ਹੋਰ ਵਧੀਆ ਤਰੀਕੇ ਨਾਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਤੱਕ ਮਦਦ ਪਹੁੰਚਾਉਣ ਦੇ ਕੰਮਾਂ ਵਿੱਚ ਕੋਈ ਕਸਰ ਨਹੀਂ ਆਉਣ ਦਿੱਤੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਭਾਰਤ ਸਰਕਾਰ ਵੱਲੋਂ ਦਿੱਤੇ ਕੰਟਰੋਲ ਰੇਟਾਂ ਤੇ ਜ਼ਿਲ੍ਹੇ ਦੇ ਸਮੂਹ ਪਰਚੂਨ ਅਤੇ ਥੋਕ ਦਵਾਈ ਵਿਕ੍ਰੇਤਾਵਾਂ ਸੈਨੇਟਾਈਜ਼ਰ ਅਤੇ ਮਾਸਕ ਵੇਚਣ-ਸਿਵਲ ਸਰਜਨ
ਕਿਹਾ, ਆਪਣੀ ਦੁਕਾਨ ਦੇ ਬਾਹਰ ਭਾਰਤ ਸਰਕਾਰ ਵੱਲੋਂ ਨਿਸ਼ਚਿਤ ਕੀਤੇ ਰੇਟਾਂ ਦੀ ਸੂਚੀ ਲਗਾਉਣਾ ਯਕੀਨੀ ਬਣਾਉਣ

ਫਿਰੋਜ਼ਪੁਰ 01 ਅਪ੍ਰੈਲ 2020

ਪੰਜਾਬ ਸਰਕਾਰ ਸਿਹਤ ਵਿਭਾਗ ਵੱਲੋਂ ਭਾਰਤ ਵਿੱਚ ਕੋਵਿਡ-19 (ਕੋਰੋਨਾ) ਦੀ ਮਹਾਂਮਾਰੀ ਨਾਲ ਗੰਭੀਰਤਾ ਨਾਲ ਨਜਿੱਠਣ ਲਈ ਸਮੇਂ-ਸਮੇਂ ਜਾਰੀ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਤੇ ਵੱਖ-ਵੱਖ ਹਦਾਇਤਾਂ ਵੀ ਜਾਰੀ ਕੀਤੀਆਂ ਜਾ ਰਹੀਆਂ।  ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫਿਰੋਜ਼ਪੁਰ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਜ਼ਿਲ੍ਹਾ ਫਿਰੋਜ਼ਪੁਰ ਦੇ ਰਿਟੇਲ ਅਤੇ ਥੋਕ ਦਵਾਈ ਵਿਕ੍ਰੇਤਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਬਲਿਕ ਦੀ ਵਰਤੋਂ ਲਈ ਵੇਚੇ ਜਾ ਰਹੇ ਸੈਨੇਟਾਈਜ਼ਰ ਅਤੇ ਮਾਸਕ ਨੂੰ ਭਾਰਤ ਸਰਕਾਰ ਵੱਲੋਂ ਦਿੱਤੇ ਕੰਟਰੋਲ ਰੇਟਾਂ ਤੋਂ ਵੱਧ ਨਾ ਵੇਚਣ ਕਿਉਂਕਿ ਜ਼ਿਲ੍ਹੇ ਦੀ ਮਾਰਕੀਟ (ਦੁਕਾਨਾਂ) ਤੇ ਕੰਟਰੋਲ ਰੇਟ ਤੋਂ ਵੱਧ ਕੀਮਤ ਵਿੱਚ ਵਿੱਕ ਰਹੇ ਸੈਨੇਟਾਈਜਰ ਅਤੇ ਮਾਸਕ ਵੱਡੀ ਚਿੰਤਾ ਦਾ ਵਿਸ਼ਾ ਬਣੇ ਹੋਏ ਹਨ।

ਸਿਵਲ ਸਰਜਨ ਨੇ ਦੱਸਿਆ ਕਿ ਜ਼ੋਨਲ ਲਾਇਸੰਸਿੰਗ ਅਥਾਰਡੀ ਸ੍ਰੀ. ਦਿਨੇਸ਼ ਗੁਪਤਾ ਅਤੇ ਸ੍ਰੀ. ਹਰਜਿੰਦਰ ਸਿੰਘ ਵੱਲੋਂ ਕਿਹਾ ਗਿਆ ਕਿ ਜੇਕਰ ਕੋਈ ਦਵਾਈ ਵਿਕਰੇਤਾ ਭਾਰਤ ਸਰਕਾਰ ਦੇ ਰੇਟਾਂ ਤੋਂ ਵੱਧ ਰੇਟ ਵਿੱਚ ਸੈਨੇਟਾਈਜ਼ਰ ਅਤੇ ਮਾਸਕ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਮੂਹ ਦਵਾਈ ਵਿਕਰੇਤਾ ਆਪਣੀ ਦੁਕਾਨ ਦੇ ਬਾਹਰ ਭਾਰਤ ਸਰਕਾਰ ਵੱਲੋਂ ਨਿਸ਼ਚਿਤ ਕੀਤੇ ਰੇਟਾਂ ਦੀ ਸੂਚੀ ਲਗਾਉਣਾ ਯਕੀਨੀ ਬਣਾਉਣ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪੇਂਡੂ ਇਲਾਕਿਆਂ ਵਿਚ ਵੀ ਤੇਜ਼ ਹੋਈ ਸੈਨੇਟਾਈਜ਼ਰ ਮੁਹਿੰਮ, ਹਰ ਪਿੰਡ ਵਿਚ ਛਿੜਕਾਅ  ਦਾ ਹੈ ਲਕਸ਼

ਪਿੰਡ ਬਸਤੀ ਮਾਹਨਾ ਸਿੰਘ ਵਿਚ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਕਰਵਾਇਆ ਗਿਆ ਛਿੜਕਾਅ

ਫਿਰੋਜ਼ਪੁਰ, 1 ਅਪ੍ਰੈਲ 2020.

ਸ਼ਹਿਰੀ ਇਲਾਕਿਆਂ ਦੇ ਨਾਲ-ਨਾਲ ਪੇਂਡੂ ਇਲਾਕਿਆਂ ਨੂੰ ਵੀ ਸੈਨੇਟਾਈਜ਼ਰ ਕਰਨ ਦੀ ਮੁਹਿੰਮ ਤੇਜ਼ ਹੋ ਗਈ ਹੈ। ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿਚ ਕੀਟਨਾਸ਼ਕ ਸਪ੍ਰੇਅ ਦਾ ਛਿੜਕਾਅ ਕੀਤਾ ਜਾ ਰਿਹਾ ਹੈ, ਜਿਸ ਤਹਿਤ ਸਾਰੇ ਬੀਡੀਪੀਓ ਆਪਣੇ-ਆਪਣੇ ਏਰੀਏ ਦੇ ਪਿੰਡਾਂ ਵਿਚ ਪੰਚਾਇਤਾਂ ਦੀ ਮਦਦ ਨਾਲ ਕੀਟਨਾਸ਼ਕ ਸਪ੍ਰੇਅ ਦਾ ਛਿੜਕਾਅ ਕਰਵਾ ਰਹੇ ਹਨ।

ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਵੱਲੋਂ ਸਾਰੇ ਪਿੰਡਾਂ ਵਿਚ ਸਪ੍ਰੇਅ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਸ਼ਹਿਰਾਂ ਦੇ ਨਾਲ-ਨਾਲ ਪਿੰਡਾਂ ਨੂੰ ਵੀ ਕੀਟਾਣੂ ਮੁਕਤ  ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸਾਰੇ ਪਿੰਡਾਂ ਵਿਚ ਇਹ ਸਪ੍ਰੇਅ ਕੀਤਾ ਜਾ ਰਿਹਾ ਹੈ।

ਬੁੱਧਵਾਰ ਨੂੰ ਇਸ ਕੜੀ ਵਿਚ ਗੁਰੂ ਹਰ ਸਹਾਏ ਸਬ ਡਿਵੀਜ਼ਨ ਦੇ ਅੰਦਰ ਆਉਣ ਵਾਲੇ ਪਿੰਡ ਬਸਤੀ ਮਾਹਨਾ

ਸਿੰਘ(ਮੋਤੀ ਵਾਲਾ) ਵਿਚ ਕੀਟਨਾਸ਼ਕ ਸਪ੍ਰੇਅ ਕੀਤਾ ਗਿਆ ਹੈ। ਸਰਪੰਚ ਅਮਰੀਕ ਸਿੰਘ ਥਿੰਦ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਪਿੰਡ ਵਿਚ ਛਿੜਕਾਅ ਦੇ ਲਈ ਸਪ੍ਰੇਅ ਅਤੇ ਮਸ਼ੀਨਰੀ ਮੁਹੱਈਆ ਕਰਵਾਈ ਗਈ ਸੀ ਜਿਸ ਤਹਿਤ ਪਿੰਡ ਵਿਚ ਗਲੀ-ਗਲੀ ਅਤੇ ਸਾਰੀਆਂ ਥਾਵਾਂ, ਪਾਰਕਾਂ, ਛੱਪੜਾਂ ਅਤੇ ਆਲੇ-ਦੁਆਲੇ ਸਪ੍ਰੇਅ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਪ੍ਰੇਅ ਪਿੰਡ ਨੂੰ ਰੋਗ ਮੁਕਤ ਕਰਨ ਦੀ ਦਿਸ਼ਾ ਵਿਚ ਮੀਲ ਪੱਥਰ ਸਾਬਤ ਹੋਵੇਗਾ ਅਤੇ ਇਸੇ ਨੂੰ ਲੈ ਕੇ ਪੰਚਾਇਤ ਵੱਲੋਂ ਵੀ ਪੂਰਾ ਸਹਿਯੋਗ ਕੀਤਾ ਜਾ ਰਿਹਾ ਹੈ।